ਆਸਾ ਮਹਲਾ ੫ ਪੰਚਪਦੇ ॥ ਪ੍ਰਥਮੇ ਤੇਰੀ ਨੀਕੀ ਜਾਤਿ ॥ ਦੁਤੀਆ ਤੇਰੀ ਮਨੀਐ ਪਾਂਤਿ ॥ ਤ੍ਰਿਤੀਆ ਤੇਰਾ ਸੁੰਦਰ ਥਾਨੁ ॥ ਬਿਗੜ ਰੂਪੁ ਮਨ ਮਹਿ ਅਭਿਮਾਨੁ ॥ ੧॥ ਸੋਹਨੀ ਸਰੂਪਿ ਸੁਜਾਣਿ ਬਿਚਖਨਿ ॥ ਅਤਿ ਗਰਬੈ ਮੋਹਿ ਫਾਕੀ ਤੂੰ ॥ ੧॥ ਰਹਾਉ ॥ ਅਤਿ ਸੂਚੀ ਤੇਰੀ ਪਾਕਸਾਲ ॥ ਕਰਿ ਇਸਨਾਨੁ ਪੂਜਾ ਤਿਲਕੁ ਲਾਲ ॥ ਗਲੀ ਗਰਬਹਿ ਮੁਖਿ ਗੋਵਹਿ ਗਿਆਨ ॥ ਸਭ ਬਿਧਿ ਖੋਈ ਲੋਭਿ ਸੁਆਨ ॥੨॥ ਕਾਪਰ ਪਹਿਰਹਿ ਭੋਗਹਿ ਭੋਗ ॥ ਆਚਾਰ ਕਰਹਿ ਸੋਭਾ ਮਹਿ ਲੋਗ ॥ ਚੋਆ ਚੰਦਨ ਸੁਗੰਧ ਬਿਸਥਾਰ ॥ ਸੰਗੀ ਖੋਟਾ ਕ੍ਰੋਧੁ ਚੰਡਾਲ ॥ ੩॥ ਅਵਰ ਜੋਨਿ ਤੇਰੀ ਪਨਿਹਾਰੀ ॥ ਇਸੁ ਧਰਤੀ ਮਹਿ ਤੇਰੀ ਸਿਕਦਾਰੀ ॥ ਸੁਇਨਾ ਰੂਪਾ ਤੁਝ ਪਹਿ ਦਾਮ ॥ ਸੀਲੁ ਬਿਗਾਰਿਓ ਤੇਰਾ ਕਾਮ ॥੪॥ ਜਾ ਕਉ ਦ੍ਰਿਸਟਿ ਮਇਆ ਹਰਿ ਰਾਇ ॥ ਸਾ ਬੰਦੀ ਤੇ ਲਈ ਛਡਾਇ ॥ ਸਾਧਸੰਗਿ ਮਿਲਿ ਹਰਿ ਰਸੁ ਪਾਇਆ ॥ ਕਹੁ ਨਾਨਕ ਸਫਲ ਓਹ ਕਾਇਆ ॥੫॥ ਸਭਿ ਰੂਪ ਸਭਿ ਸੁਖ ਬਨੇ ਸੁਹਾਗਨਿ ॥ ਅਤਿ ਸੁੰਦਰਿ ਬਿਚਖਨਿ ਤੂੰ ॥੧॥ ਰਹਾਉ ਦੂਜਾ ॥੧੨॥ {ਪੰਨਾ 374}

ਪਦਅਰਥ:- ਪ੍ਰਥਮੇ—ਪਹਿਲਾਂ ਤਾਂ (ਵੇਖ)। ਨੀਕੀ—ਚੰਗੀ, ਸੋਹਣੀ। ਮਨੀਐ—ਮੰਨ ਜਾਂਦੀ ਹੈ। ਪਾਂਤਿ—ਖ਼ਾਨਦਾਨੀ। ਬਿਗੜ—ਵਿਗੜਿਆ ਹੋਇਆ, ਕੋਝਾ।1।

ਸਰੂਪਿ—ਸੋਹਣੇ ਰੂਪ ਵਾਲੀ। ਸੁਜਾਣਿ—ਸਿਆਣੀ। ਬਿਚਖਨਿ—ਚਤੁਰ। ਅਤਿ—ਬਹੁਤ। ਗਰਬੈ—ਹੰਕਾਰ ਵਿਚ। ਮੋਹਿ—ਮੋਹ ਵਿਚ। ਫਾਕੀ—ਫਸੀ ਹੋਈ।1। ਰਹਾਉ।

ਸੂਚੀ—ਸੁੱਚੀ, ਪਵਿਤ੍ਰ। ਪਾਕਸਾਲ—ਰਸੋਈ। ਕਰਿ—ਕਰ ਕੇ। ਗਲੀ—ਗਲੀਂ, ਗੱਲਾਂ ਨਾਲ। ਗਰਬਹਿ—ਤੂੰ ਅਹੰਕਾਰ ਕਰਦੀ ਹੈਂ। ਮੁਖਿ—ਮੂੰਹ ਨਾਲ। ਗੋਵਹਿ—ਉਚਾਰਦੀ ਹੈਂ। ਖੋਈ—ਗਵਾ ਦਿੱਤੀ। ਲੋਭਿ—ਲੋਭ ਨੇ। ਸੁਆਨ—ਕੁੱਤਾ।2।

ਪਹਿਰਹਿ—ਤੂੰ ਪਹਿਨਦੀ ਹੈਂ। ਆਚਾਰ—(ਮਿਥੇ ਹੋਏ ਧਾਰਮਿਕ) ਕਰਮ। ਚੋਆ—ਅਤਰ। ਖੋਟਾ—ਭੈੜਾ, ਖੋਟ ਕਰਨ ਵਾਲਾ।3।

ਪਨਿਹਾਰੀ—ਪਾਣੀ ਭਰਨ ਵਾਲੀ, ਸੇਵਕ। ਸਿਕਦਾਰੀ—ਸਰਦਾਰੀ। ਰੂਪਾ—ਚਾਂਦੀ। ਤੁਝ ਪਹਿ—ਤੇਰੇ ਪਾਸ। ਦਾਮ—ਧਨ। ਸੀਲੁ—ਸੁਭਾਉ। ਕਾਮ—ਕਾਮ ਵਾਸਨਾ ਨੇ।4।

ਜਾ ਕਉ—ਜਿਸ ਉਤੇ। ਮਇਆ—ਦਇਆ। ਹਰਿ ਰਾਇ—ਪ੍ਰਭੂ-ਪਾਤਿਸ਼ਾਹ। ਬੰਦੀ—ਗ਼ੁਲਾਮੀ, ਕੈਦ। ਕਾਇਆ—ਸਰੀਰ।5।

ਸਭਿ—ਸਾਰੇ। ਬਨੇ—ਫੱਬੇ। ਸੁਹਾਗਨਿ—ਸੁਹਾਗ ਵਾਲੀ, ਪਤੀ ਵਾਲੀ। ਰਹਾਉ ਦੂਜਾ।

ਅਰਥ:- (ਹੇ ਜੀਵ-ਇਸਤ੍ਰੀ!) ਤੂੰ (ਵੇਖਣ ਨੂੰ) ਸੋਹਣੀ ਹੈਂ, ਰੂਪ ਵਾਲੀ ਹੈਂ, ਸਿਆਣੀ ਹੈਂ, ਚਤੁਰ ਹੈਂ। ਪਰ ਤੂੰ ਬੜੇ ਅਹੰਕਾਰ ਅਤੇ ਮੋਹ ਵਿਚ ਫਸੀ ਪਈ ਹੈਂ।1। ਰਹਾਉ।

(ਹੇ ਜੀਵ-ਇਸਤ੍ਰੀ! ਵੇਖ) ਪਹਿਲਾਂ ਤਾਂ ਤੇਰੀ (ਮਨੁੱਖਾ ਜਨਮ ਵਾਲੀ) ਚੰਗੀ ਜਾਤਿ ਹੈ; ਦੂਜੇ, ਤੇਰੀ ਖ਼ਾਨਦਾਨੀ ਭੀ ਮੰਨੀ ਜਾਂਦੀ ਹੈ; ਤੀਜੇ, ਤੇਰਾ ਸੋਹਣਾ ਸਰੀਰ ਹੈ, ਪਰ ਤੇਰਾ ਰੂਪ ਕੋਝਾ ਹੀ ਰਿਹਾ (ਕਿਉਂਕਿ) ਤੇਰੇ ਮਨ ਵਿਚ ਅਹੰਕਾਰ ਹੈ।1।

(ਹੇ ਜੀਵ-ਇਸਤ੍ਰੀ!) ਤੇਰੀ ਬੜੀ ਸੁੱਚੀ (ਸੁਥਰੀ) ਰਸੋਈ ਹੈ (ਜਿਸ ਵਿਚ ਤੂੰ ਆਪਣਾ ਭੋਜਨ ਤਿਆਰ ਕਰਦੀ ਹੈਂ। ਬਾਕੀ ਪਸ਼ੂ ਪੰਛੀ ਤਾਂ ਵਿਚਾਰੇ ਗੰਦੇ ਮੰਦੇ ਥਾਵਾਂ ਤੋਂ ਹੀ ਢਿੱਡ ਭਰ ਲੈਂਦੇ ਹਨ)। ਤੂੰ ਇਸ਼ਨਾਨ ਕਰ ਕੇ ਪੂਜਾ ਭੀ ਕਰ

ਸਕਦੀ ਹੈਂ ਮੱਥੇ ਉਤੇ ਲਾਲ ਤਿਲਕ ਲਾ ਲੈਂਦੀ ਹੈਂ। ਤੂੰ ਗੱਲਾਂ ਨਾਲ ਆਪਣਾ ਆਪ ਭੀ ਜਤਾ ਲੈਂਦੀ ਹੈਂ (ਪਸ਼ੂਆਂ ਪੰਛੀਆਂ ਨੂੰ ਤਾਂ ਇਹ ਦਾਤਿ ਨਹੀਂ ਮਿਲੀ) ਮੂੰਹ ਨਾਲ ਗਿਆਨ ਦੀਆਂ ਗੱਲਾਂ ਭੀ ਕਰ ਸਕਦੀ ਹੈਂ। ਪਰ ਕੁੱਤੇ ਲੋਭ ਨੇ ਤੇਰੀ ਇਹ ਹਰੇਕ ਕਿਸਮ ਦੀ ਵਡਿਆਈ ਗਵਾ ਦਿੱਤੀ ਹੈ।2।

(ਹੇ ਜੀਵ-ਇਸਤ੍ਰੀ!) ਤੂੰ (ਸੋਹਣੇ) ਕੱਪੜੇ ਪਹਿਨਦੀ ਹੈਂ (ਦੁਨੀਆ ਦੇ ਸਾਰੇ) ਭੋਗ ਭੋਗਦੀ ਹੈਂ, ਜਗਤ ਵਿਚ ਸੋਭਾ ਖੱਟਣ ਲਈ ਤੂੰ ਅਤਰ ਚੰਦਨ ਤੇ ਹੋਰ ਅਨੇਕਾਂ ਸੁਗੰਧੀਆਂ ਵਰਤਦੀ ਹੈਂ। ਪਰ ਚੰਡਾਲ ਕ੍ਰੋਧ ਤੇਰਾ ਭੈੜਾ ਸਾਥੀ ਹੈ।3।

(ਹੇ ਜੀਵ-ਇਸਤ੍ਰੀ!) ਹੋਰ ਸਾਰੀਆਂ ਜੂਨਾਂ ਤੇਰੀਆਂ ਸੇਵਕ ਹਨ, ਇਸ ਧਰਤੀ ਉਤੇ ਤੇਰੀ ਹੀ ਸਰਦਾਰੀ ਹੈ ਤੇਰੇ ਪਾਸ ਸੋਨਾ ਹੈ ਚਾਂਦੀ ਹੈ ਧਨ-ਪਦਾਰਥ ਹੈ (ਹੋਰ ਜੂਨਾਂ ਪਾਸ ਇਹ ਚੀਜ਼ਾਂ ਨਹੀਂ ਹਨ) ਪਰ ਕਾਮ-ਵਾਸਨਾ ਨੇ ਤੇਰਾ ਸੁਭਾਉ (ਜੋ ਸਭ ਤੋਂ ਉੱਚੀ ਸ਼੍ਰੇਣੀ ਵਾਲਿਆਂ ਨੂੰ ਫਬਦਾ ਹੈ) ਵਿਗਾੜ ਦਿੱਤਾ ਹੋਇਆ ਹੈ।4।

ਹੇ ਨਾਨਕ! ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ-ਪਾਤਿਸ਼ਾਹ ਦੀ ਮੇਹਰ ਦੀ ਨਜ਼ਰ ਪੈਂਦੀ ਹੈ, ਉਸ ਨੂੰ ਉਹ (ਲੋਭ ਕ੍ਰੋਧ ਕਾਮ ਆਦਿਕ ਦੀ) ਕੈਦ ਤੋਂ ਛਡਾ ਲੈਂਦਾ ਹੈ। ਜਿਸ ਸਰੀਰ ਨੇ (ਜੀਵ ਨੇ ਮਨੁੱਖਾ ਸਰੀਰ ਪ੍ਰਾਪਤ ਕਰ ਕੇ) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਸਵਾਦ ਮਾਣਿਆ, ਉਹ ਸਰੀਰ ਹੀ ਕਾਮਯਾਬ ਹੈ।5।

(ਹੇ ਜੀਵ-ਇਸਤ੍ਰੀ!) ਜੇ ਤੂੰ ਪ੍ਰਭੂ-ਪਤੀ ਵਾਲੀ ਬਣ ਜਾਏਂ ਤਾਂ ਸਾਰੇ ਸੋਹਜ ਤੇ ਸਾਰੇ ਸੁਖ (ਜੋ ਤੈਨੂੰ ਮਿਲੇ ਹੋਏ ਹਨ) ਤੈਨੂੰ ਫਬ ਜਾਣ; ਤੂੰ (ਸਚ-ਮੁਚ) ਬੜੀ ਸੋਹਣੀ ਤੇ ਬੜੀ ਸਿਆਣੀ ਬਣ ਜਾਏਂ।1। ਰਹਾਉ ਦੂਜਾ।12।